Vigilance Bureau Punjab

# Vigilance nabs constable taking bribe Rs. 5,000

Chandigarh, June 15 : State Vigilance Bureau, today nabbed a constable Jaswant Singh posted at Police Post Civil Hospital Bathinda city red handed while accepting bribe of Rs 5,000.

Disclosing this here an official spokesperson of the Vigilance Bureau said accused constable was nabbed red handed on the complaint of Sukhmandar Singh of village Mehta, Bathinda district. The complainant has approached the VB and alleged that the accused police official was demanding Rs 15,000 for helping in a police complaint case lodged against his relative and the deal was struck at Rs, 10,000. He informed that after a compromise in this case he had paid Rs. 5,000 to the constable as a first instalment and demanding remaining amount to furnish a copy of compromise between both the parties.

After verifying his information, the vigilance team laid a trap and the accused constable was arrested on the spot taking bribe of Rs. 5,000 from the complainant as a second instalment in the presence of two official witnesses. He informed that a case under different sections of prevention of corruption act has been registered against him at VB police station Bathinda and further investigation was under progress.

--------------

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਬਿਓਰੋ ਨੇ 5,000 ਦੀ ਰਿਸ਼ਵਤ ਲੈਂਦਾ ਸਿਪਾਹੀ ਰੰਗੇ ਹੱਥੀਂ ਦਬੋਚਿਆ

ਚੰਡੀਗੜ੍ਹ, 15 ਜੂਨ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪੁਲਿਸ ਚੌਕੀ ਸਿਵਲ ਹਸਪਤਾਲ, ਬਠਿੰਡਾ ਵਿਖੇ ਤਾਇਨਾਤ ਸਿਪਾਹੀ ਜਸਵੰਤ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਸਿਪਾਹੀ ਨੂੰ ਸ਼ਿਕਾਇਤਕਰਤਾ ਸੁਖਮੰਦਰ ਸਿੰਘ ਵਾਸੀ ਪਿੰਡ ਮਹਿਤਾ, ਜਿਲਾ ਬਠਿੰਡਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਸਿਪਾਹੀ ਉਸਦੇ ਰਿਸ਼ਤੇਦਾਰ ਨੂੰ ਇੱਕ ਸ਼ਿਕਾਇਤ ਦੇ ਮਾਮਲੇ ਵਿੱਚ ਰਾਜੀਨਾਮੇ ਪਿੱਛੋਂ ਰਿਹਾਅ ਕਰਨ ਅਤੇ ਰਾਜੀਨਾਮੇ ਦੀ ਕਾਪੀ ਦੇਣ ਬਦਲੇ ਉਸ ਪਾਸੋਂ 15,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਪਰ ਸੌਦਾ 10,000 ਰੁਪਏ ਵਿੱਚ ਤੈਅ ਹੋ ਗਿਆ ਅਤੇ 5,000 ਰੁਪਏ ਪਹਿਲੀ ਕਿਸ਼ਤ ਵਜੋਂ ਪਹਿਲਾਂ ਹੀ ਦਿੱਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਮੁਲਜ਼ਮ ਸਿਪਾਹੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸ਼ਤ ਵਜੋਂ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----------------------------